# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 10-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਅੱਜ ਨਵੀਂ ਦਿੱਲੀ ਵਿੱਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿਖੇ ਭਾਰਤੀ ਗਿਆਨ ਪ੍ਰਣਾਲੀਆਂ 'ਤੇ ਕਾਨਫਰੰਸ ਦਾ ਕੀਤਾ ਉਦਘਾਟਨ ।
- ਪੰਜਾਬ ਵਿਧਾਨ ਸਭਾ ਦਾ ਦੋ ਦਿਨਾਂ ਵਿਸ਼ੇਸ਼ ਇਜਲਾਸ ਅੱਜ ਤੋਂ ਸ਼ੁਰੂ I
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ - ਪੰਜਾਬ ਦੇ ਵਸਨੀਕਾਂ ਲਈ, 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਲਈ ਸਿਹਤ ਕਾਰਡ ਬਣਾਇਆ ਜਾਵੇਗਾ- ਬੇਅਦਬੀ ਕਾਨੂੰਨ ਵਿਧਾਨ ਸਭਾ ਵਿਚ ਕੀਤਾ ਜਾਵੇਗਾ ਪੇਸ਼।
- ਅੱਜ ਰਾਸ਼ਟਰੀ ਮੱਛੀ ਪਾਲਕ ਦਿਵਸ ਮਨਾਇਆ ਜਾ ਰਿਹਾ ਏ I

- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਅਗਲੇ ਦੋ ਦਿਨਾਂ ਤੱਕ, ਭਾਰੀ ਬਾਰਿਸ਼ ਜਾਰੀ ਰਹਿਣ ਦੀ ਪੇਸ਼ੀਨਗੋਈ।

ਹੁਣ ਖਬਰਾਂ ਵਿਸਥਾਰ ਨਾਲ....

---

ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਅੱਜ ਨਵੀਂ ਦਿੱਲੀ ਵਿੱਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿਖੇ ਭਾਰਤੀ ਗਿਆਨ ਪ੍ਰਣਾਲੀਆਂ 'ਤੇ ਕਾਨਫਰੰਸ ਦਾ ਉਦਘਾਟਨ ਕੀਤਾ । ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਉਪ-ਰਾਸ਼ਟਰਪਤੀ ਨੇ ਕਿਹਾ ਕਿ ਯੂਰਪੀਅਨ ਯੂਨੀਵਰਸਿਟੀਆਂ ਦੇ ਹੋਂਦ ਵਿੱਚ ਆਉਣ ਤੋਂ ਬਹੁਤ ਪਹਿਲਾਂ, ਭਾਰਤ ਦੀਆਂ ਯੂਨੀਵਰਸਿਟੀਆਂ ਪਹਿਲਾਂ ਹੀ ਆਪਣੇ ਆਪ ਨੂੰ ਸਿੱਖਿਆ ਦੇ ਉੱਭਰਦੇ ਕੇਂਦਰਾਂ ਵਜੋਂ ਸਥਾਪਿਤ ਕਰ ਚੁੱਕੀਆਂ ਸਨ। ਉਨ੍ਹਾਂ ਕਿਹਾ ਕਿ ਪ੍ਰਾਚੀਨ ਭਾਰਤ ਬੌਧਿਕ ਜੀਵਨ ਦੇ ਉਜਵਲ ਕੇਂਦਰਾਂ ਦਾ ਘਰ ਸੀ। ਇਨ੍ਹਾਂ ਵਿੱਚ ਤਕਸ਼ਿਲਾ, ਨਾਲੰਦਾ, ਵਿਕਰਮ-ਸ਼ਿਲਾ, ਵੱਲਭੀ ਅਤੇ ਓਦੰਤਪੁਰੀ ਸ਼ਾਮਲ ਨੇ। ਇਨ੍ਹਾਂ ਸੰਸਥਾਵਾਂ ਨੂੰ ਗਿਆਨ ਦੇ ਵਿਸ਼ਾਲ ਕਿਲ੍ਹੇ ਦੱਸਦਿਆਂ, ਸ੍ਰੀ ਧਨਖੜ ਨੇ ਜ਼ਿਕਰ ਕੀਤਾ ਕਿ ਇਨ੍ਹਾਂ ਕੇਂਦਰਾਂ ਦੀਆਂ ਲਾਇਬ੍ਰੇਰੀਆਂ ਗਿਆਨ ਦੇ ਵਿਸ਼ਾਲ ਸਮੁੰਦਰ ਨੇ , ਜਿਨ੍ਹਾਂ ਵਿੱਚ ਹਜ਼ਾਰਾਂ ਹੱਥ-ਲਿਖਤਾਂ ਨੇ। ਕੇਂਦਰੀ ਮੰਤਰੀ ਸਰਬਾਨੰਦ ਸੋਨੋਵਾਲ ਨੇ ਵੀ ਇਕੱਠ

ਨੂੰ ਸੰਬੋਧਨ ਕੀਤਾ। ਜੇ.ਐਨ.ਯੂ ਦੇ ਵਾਈਸ ਚਾਂਸਲਰ ਪ੍ਰੋ. ਸ਼ਾਂਤੀ-ਸ਼੍ਰੀ ਧੂਲੀਪੁੜੀ ਪੰਡਿਤ ਨੇ ਦੱਸਿਆ ਕਿ ਤਿੰਨ-ਰੋਜ਼ਾ ਕਾਨਫਰੰਸ ਆਯੂਸ਼ ਮੰਤਰਾਲੇ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਜਾ ਰਹੀ ਏ ਅਤੇ ਇਸਦਾ ਉਦੇਸ਼ ਭਾਰਤੀ ਗਿਆਨ ਪ੍ਰਣਾਲੀ ਨੂੰ ਵਿਸ਼ਵ ਪੱਧਰ 'ਤੇ ਲੈ ਜਾਣਾ ਏ ।

-----------------------------------------------------------------------------------

ਪੰਜਾਬ ਵਿਧਾਨ ਸਭਾ ਦਾ ਦੋ ਦਿਨਾਂ ਵਿਸ਼ੇਸ਼ ਇਜਲਾਸ ਅੱਜ ਤੋਂ ਸ਼ੁਰੂ ਹੋਇਆ । ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਛੜੀਆਂ ਰੂਹਾਂ ਨੂੰ ਯਾਦ ਕੀਤਾ। ਸਾਰੇ ਸਭਾ ਮੈਂਬਰਾਂ ਵਲੋਂ ਇਹਨਾਂ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ, ਮੋਨ ਰੱਖਿਆ ਗਿਆ । ਇਸ ਤੋਂ ਪਹਿਲਾਂ ਅਹਿਮਦਾਬਾਦ ਵਿੱਚ ਹੋਏ ਹਵਾਈ ਹਾਦਸੇ 'ਚ ਮਾਰੇ ਗਏ 260 ਮੁਸਾਫਰਾਂ ਅਤੇ ਹੋਰਨਾਂ ਨੂੰ ਯਾਦ ਕਰਕੇ ਸ਼ਰਧਾਂਜਲੀ ਦਿੱਤੀ ਗਈ । ਬੀਤੇ ਦਿਨੀ ਅਬੋਹਰ 'ਚ ਇੱਕ ਕਾਰੋਬਾਰੀ ਸੰਜੇ ਵਰਮਾ ਦੀ ਹੋਈ ਹੱਤਿਆ ਨੂੰ ਵੀ ਸ਼ੋਕ ਮਤੇ 'ਚ ਸ਼ਾਮਿਲ ਕੀਤਾ ਗਿਆ ।ਇਸ ਮਗਰੋਂ ਵਿਧਾਨ ਸਭਾ ਦੀ ਕਾਰਵਾਈ ਕੱਲ 10 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ ।

-----------------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਹਰ ਇੱਕ ਵਸਨੀਕ ਲਈ, 10 ਲੱਖ ਰੁਪਏ ਦਾ ਸਿਹਤ ਕਾਰਡ ਲਿਆਦਾ ਜਾਵੇਗਾ,

ਜਿਸ ਨਾਲ ਕਿਸੇ ਵੀ ਮਰੀਜ਼ ਨੂੰ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ ਮਿਲੇਗਾ । ਅੱਜ ਚੰਡੀਗੜ੍ਹ ਵਿੱਚ ਮੰਤਰੀ ਮੰਡਲ ਦੀ ਬੈਠਕ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁਖ ਮੰਤਰੀ ਨੇ ਕਿਹਾ ਕਿ ਸੂਬੇ ਭਰ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਇਹ ਯੋਜਨਾ ਲਾਗੂ ਕਰ ਦਿੱਤੀ ਗਈ ਏ ਜਦਕਿ ਹੁਣ ਤੱਕ 552 ਨਿਜੀ ਹਸਪਤਾਲਾਂ ਨੂੰ ਵੀ ਸੂਚੀਬੱਧ ਕਰ ਦਿੱਤਾ ਗਿਆ ਏ। ਇਸ ਦੀ ਗਿਣਤੀ ਨੂੰ ਵਧਾ ਕੇ 1500 ਹਸਪਤਾਲ ਕੀਤਾ ਜਾਵੇਗਾ।BYTE:

ਉਹਨਾਂ ਦੱਸਿਆ ਕਿ ਸਨਅਤ ਪੱਖੀ ਕੁਝ ਫੈਸਲੇ ਵੀ ਲਏ ਗਏ ਨੇ, ਜਿਹੜੀਆਂ ਮਹਿਲਾ ਸਰਪੰਚ ਚੰਗਾ ਕੰਮ ਕਰ ਰਹੀਆਂ ਨੇ, ਉਹਨਾਂ ਨੂੰ ਵਿਸ਼ੇਸ਼ ਤੌਰ 'ਤੇ ਨਾਂਦੇੜ ਸਾਹਿਬ ਦੇ ਦਰਸ਼ਨਾਂ ਲਈ ਮੁਫਤ ਭੇਜਿਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਕੱਲ ਦੇ ਵਿਧਾਨ ਸਭਾ ਇਜਲਾਸ ਵਿੱਚ ਪੰਜਾਬ ਵਿੱਚ ਭਾਖੜਾ ਅਤੇ ਹੋਰਨਾਂ ਡੈਮਾਂ ਤੇ ਲੱਗੀ CISF ਨੂੰ ਹੱਟਾ ਕੇ ਪੰਜਾਬ ਪੁਲਿਸ ਦੀ ਤੈਨਾਤੀ ਕਰਨ ਬਾਰੇ ਮਤਾ ਲਿਆ ਜਾਵੇਗਾ । ਪੰਜਾਬ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਨਵੇਂ ਬੇਅਦਬੀ ਕਾਨੂੰਨ ਬਾਰੇ ਪੁੱਛੇ ਗਏ ਸਵਾਲ ਵਿੱਚ, ਮੁਖ ਮੰਤਰੀ ਕਿਹਾ ਕਿ ਇਸ ਬਿੱਲ ਦਾ ਖਰੜਾ ਤਿਆਰ ਕੀਤਾ ਜਾ ਰਿਹਾ ਏ ਅਤੇ ਵਿਧਾਨ ਸਭਾ ਇਜਲਾਸ ਵਿੱਚ ਪੇਸ਼ ਕੀਤਾ ਜਾਵੇਗਾ।BYTE:

---

ਰਾਸ਼ਟਰੀ ਮੱਛੀ ਪਾਲਕ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਮੱਛੀ ਪਾਲਕਾਂ ਦੇ ਅਟੁੱਟ ਸਮਰਪਣ ਨੂੰ ਮਾਨਤਾ ਦੇਣ ਲਈ ਮਨਾਇਆ ਜਾਂਦਾ ਏ ਜੋ ਭਾਰਤ ਦੀ ਖੁਰਾਕ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਪੇਂਡੂ ਰੁਜ਼ਗਾਰ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ ।ਪੇਸ਼ ਏ ਇਕ ਰਿਪੋਰਟ : *ਇਹ ਦਿਹਾੜਾ ਭਾਰਤੀ ਮੱਛੀ ਪਾਲਣ ਖੇਤਰ ਵਿੱਚ ਪ੍ਰੋਫੈਸਰ ਡਾ. ਹੀਰਾਲਾਲ ਚੌਧਰੀ ਅਤੇ ਉਨ੍ਹਾਂ ਦੇ ਸਹਿਯੋਗੀ ਡਾ. ਕੇ.ਐਚ. ਅਲੀਕੁੰਹਨੀ ਦੇ ਯੋਗਦਾਨ ਦਾ ਸਨਮਾਨ ਕਰਨ ਲਈ ਮਨਾਇਆ ਜਾਂਦਾ ਏ ਜਿਨ੍ਹਾਂ 1957 ਵਿੱਚ ਅੱਜ ਦੇ ਦਿਨ ਭਾਰਤੀ ਮੇਜਰ ਕਾਰਪਸ ਵਿੱਚ ਹਾਈਪੋਫਾਈਸੇਸ਼ਨ ਤਕਨੀਕ ਨਾਲ ਪ੍ਰੇਰਿਤ ਪ੍ਰਜਨਨ ਦਾ ਰਾਹ ਪੱਧਰ ਕੀਤਾ ਸੀ । ਪਿਛਲੇ ਕੁਝ ਸਾਲਾਂ ਵਿੱਚ, ਵਿਗਿਆਨਕ ਖੋਜ ਅਤੇ ਤਕਨੀਕੀ ਪਹਿਲਕਦਮੀਆਂ ਦੇ ਕਾਰਨ ਭਾਰਤ ਦਾ ਮੱਛੀ ਉਤਪਾਦਨ, ਵਿੱਤੀ ਸਾਲ 2024-25 ਵਿੱਚ ਰਿਕਾਰਡ 195 ਲੱਖ ਟਨ ਹੋ ਗਿਆ ਏ । ਪੰਜਾਬ ਵਿਚ ਵੀ ਮੱਛੀ ਪਾਲਣ ਨੂੰ ਉਤਸ਼ਾਹਿਤ ਕਰਨ ਬਾਰੇ ਉਪਰਾਲੇ ਕੀਤੇ ਜਾ ਰਹੇ ਨੇ ।ਮੋਹਾਲੀ ਅਤੇ ਫਰੀਦਕੋਟ ਮੱਛੀ ਪਾਲਣ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਵੇਰਵੇ ਸਾਂਝੇ ਕੀਤੇ IBYTE ਫਰੀਦਕੋਟ ਤੋਂ ਮੱਛੀ ਪਾਲਣ ਦਾ ਕਿੱਤਾ ਅਪਨਾਉਣ ਵਾਲੇ ਕਿਸਾਨ*

*ਹਰਪ੍ਰੀਤ ਸਿੰਘ ਦਾ ਆਖਣਾ ਏ IBYTEਮੱਛੀ ਪਾਲਣ ਦਾ ਕਿੱਤਾ ਆਪਣਾ ਕੇ ਚੰਗੀ ਆਮਦਨ ਕੀਤੀ ਜਾ ਸਕਦੀ ਏ।ਮੋਹਾਲੀ ਤੋਂ ਮਨੋਜ ਗਿਰਧਰ ਅਤੇ ਫਰੀਦਕੋਟ ਤੋਂ ਤਰਸੇਮ ਕੁਮਾਰ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਰਾਜੇਸ਼ ਬਾਲੀ*

---------------------------------------------------------------------------

ਪੰਜਾਬ ਸਰਕਾਰ ਵੱਲੋਂ ਮਾਰਚ 2026 ਤੱਕ ਸੂਬੇ ਭਰ ਵਿੱਚ 390 ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ 30 ਮੈਗਾਵਾਟ ਦੀ ਸੰਯੁਕਤ ਸਮਰੱਥਾ ਵਾਲੇ ਸੂਰਜੀ ਊਰਜਾ ਪਲਾਂਟ ਸਥਾਪਤ ਕੀਤੇ ਜਾਣਗੇ। ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਦਸਿਆ ਕਿ ਇਸਦਾ ਉਦੇਸ਼ ਸੂਬੇ ਦੀ ਕੁਦਰਤੀ ਊਰਜਾ ਸਮਰੱਥਾ ਵਿੱਚ ਵਾਧਾ ਕਰਨਾ ਏ। ਪੰਜਾਬ ਊਰਜਾ ਵਿਕਾਸ ਅਥਾਰਟੀ ਵੱਲੋਂ ਚਲਾਏ ਜਾ ਰਹੇ ਚੱਲ ਰਹੇ ਪ੍ਰਾਜੈਕਟਾਂ ਦਾ ਜਾਇਜ਼ਾ ਲੈਂਦਿਆਂ ਸ੍ਰੀ ਅਰੋੜਾ ਨੇ ਦੱਸਿਆ ਕਿ 150 ਕਰੋੜ ਰੁਪਏ ਦੀ ਲਾਗਤ ਵਾਲੇ ਇਸ ਪ੍ਰਾਜੈਕਟ ਨਾਲ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਬਿਜਲੀ ਖਰਚ ਵਿੱਚ ਸਾਲਾਨਾ 15 ਕਰੋੜ ਰੁਪਏ ਦੀ ਬੱਚਤ ਹੋਣ ਦਾ ਅਨੁਮਾਨ ਏ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਟੈਂਡਰ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਏ, ਜਿਸ ਨਾਲ ਇਸ ਵੱਕਾਰੀ ਪ੍ਰਾਜੈਕਟ ਨੂੰ ਲਾਗੂ ਕਰਨ ਦਾ ਰਾਹ ਪੱਧਰਾ ਹੋ ਗਿਆ ਏ।

---------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਹਲਕਾ ਮਲੋਟ ਦੇ ਪਿੰਡਾਂ ਨੂੰ ਪੰਜਾਬ ਸਰਕਾਰ ਵੱਲੋਂ ਗ੍ਰਾਂਟਾਂ ਦੇਣ ਦਾ ਐਲਾਨ ਕੀਤਾ । ਕੈਬਨਿਟ ਮੰਤਰੀ ਨੇ ਅੱਜ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਲਾਈਵ ਹੁੰਦਿਆਂ ਕਿਹਾ ਕਿ ਪਿੰਡਾਂ ਦੇ ਲੋਕਾਂ ਖਾਸਕਰਕੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਵਰਗਾਂ ਨੂੰ ਹਰ ਲੋੜੀਂਦੀ ਸਹੂਲਤ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਏ । ਕੈਬਨਿਟ ਮੰਤਰੀ ਨੇ ਦੱਸਿਆ ਕਿ ਅੱਜ ਐਲਾਨੀਆਂ ਗਈਆਂ ਗ੍ਰਾਂਟਾਂ 'ਚ ਘੱਗਾ ਪਿੰਡ ਨੂੰ ਰਸਤਾ ਪੱਕਾ ਕਰਨ ਲਈ 50 ਲੱਖ ਰੁਪਏ, ਪਿੰਡ ਫਕਰਸਰ ਵਿਖੇ ਆਧੁਨਿਕ ਬੱਸ ਅੱਡੇ ਲਈ 10 ਲੱਖ ਰੁਪਏ ਜਦਕਿ ਈਨਾ ਖੇੜਾ, ਔਲਖ, ਚੱਕ ਦੂਹੇਵਾਲਾ, ਰੱਥੜੀਆ, ਰੁਪਾਣਾ, ਦਾਨੇਵਾਲਾ, ਅਬੁਲ ਖੁਰਾਣਾ ਅਤੇ ਜੰਡਵਾਲਾ ਪਿੰਡਾਂ ਨੂੰ ਬੱਸ ਅੱਡੇ ਦੇ ਮਾਡਰਨ ਸੈਡ ਲਈ 5-5 ਲੱਖ ਰੁਪਏ ਸ਼ਾਮਲ ਨੇ ।

--------------------------------------------------------------------------------

ਅੰਮ੍ਰਿਤਸਰ ਪੁਲਿਸ ਕਮਿਸ਼ਨਰੇਟ ਨੇ ਦੋ ਵੱਖ-ਵੱਖ ਮਾਮਲਿਆਂ ਵਿੱਚ 5 ਨਸ਼ਾ ਤਸਕਰਾਂ ਨੂੰ ਕੁੱਲ 3 ਕਿਲੋ 100 ਗ੍ਰਾਮ ਹੀਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ ।ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੀ.ਆਈ.ਏ ਟੀਮ ਨੇ ਦਲਵਿੰਦਰ ਸਿੰਧੂ ਨੂੰ 1 ਕਿਲੋ 12 ਗ੍ਰਾਮ ਅਤੇ ਸੁਖਦੇਵ ਸਿੰਘ ਨੂੰ 2 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ।

ਇਕ ਹੋਰ ਮਾਮਲੇ ਵਿਚ ਮਨਪ੍ਰੀਤ ਸਿੰਘ ਉਰਫ ਗੋਰਾ, ਅੰਮ੍ਰਿਤਪਾਲ ਸਿੰਘ, ਅਤੇ ਹਰਪਾਲ ਭਾਲਾ ਨੂੰ ਡੇਢ ਕਿਲੋਗ੍ਰਾਮ ਹੈਰੋਇਨ ਤੇ ਇਕ ਕਰ ਨਾਲ ਗ੍ਰਿਫ਼ਤਾਰ ਕੀਤਾ ਗਿਆ। ਇਹ ਤਿੰਨੋਂ ਮੁਲਜ਼ਮ ਤਰਨਤਾਰਨ ਦੇ ਸਰਹੱਦੀ ਪਿੰਡਾਂ ਦੇ ਰਹਿਣ ਵਾਲੇ ਨੇ। ਓਧਰ ਤਰਨਤਾਰਨ ਸੀ ਆਈ ਏ ਸਟਾਫ ਪੁਲੀਸ ਨੇ ਗਸ਼ਤ ਦੋਰਾਨ ਚਾਰ ਤਸਕਰਾਂ ਨੂੰ ਕੋਲੋ ਛੇ ਪਿਸਤੌਲ ਬਰਾਮਦ ਕੀਤੇ ਗਏ I SSP ਦੀਪਕ ਪਾਰੀਕ ਨੇ ਦਸਿਆ ਕਿ ਇਹਨਾ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ I

---

ਡਾਕ ਵਿਭਾਗ ਵੱਲੋਂ ਰੱਖੜੀ ਦੇ ਤਿਉਹਾਰ ਲਈ ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਵਾਟਰ ਪਰੂਫ ਲਿਫਾਫਿਆਂ ਦੀ ਸੁਵਿਧਾ ਮੁਹਾਇਆ ਕਾਰਵਾਈ ਜਾ ਰਹੀ ਏ। ਫਰੀਦਕੋਟ ਡਾਕ ਵਿਭਾਗ ਦੇ ਸੁਪਰਡੈਂਟ ਸਤਿੰਦਰ ਸਿੰਘ ਲਹਿਰੀ ਨੇ ਦੱਸਿਆ ਕਿ ਵਿਭਾਗ ਵਲੋ ਰੱਖੜੀ ਦੇ ਲਿਫਾਫੇ ਵੱਡੀ ਮਾਤਰਾ ਵਿਚ ਮੁਹਈਆ ਕਰਵਾ ਦਿੱਤੇ ਗਏ ਨੇ। ਉਨ੍ਹਾਂ ਦੱਸਿਆ ਕਿ ਲਿਫਾਫਿਆਂ ਦਾ ਆਕਾਰ ਆਮ ਲਿਫਾਫਿਆਂ ਨਾਲੋ ਵੱਡਾ ਤੇ ਰੰਗੀਨ ਏ ਤੇ ਇਨ੍ਹਾਂ ਦੀ ਕੀਮਤ 15 ਰੁਪਏ ਰੱਖੀ ਗਈ ਏ ਅਤੇ ਇਸ ਤੋਂ ਇਲਾਵਾ 20 ਰੁਪਏ ਦੇ ਰੱਖੜੀ ਡੱਬੇ ਵੀ ਉਪਲਬਧ ਨੇ ਜੋ ਵਿਭਾਗ ਵਲੋਂ ਕਿਫਾਇਤੀ ਦਰਾਂ 'ਤੇ ਦੇਸ਼ ਵਿਦੇਸ਼ ਭੇਜ ਜਾ ਰਹੇ ਨੇ।

---

ਜਿਲ੍ਹਾ ਤਰਨ ਤਾਰਨ ਵਿਚ ਬੇਟੀ ਬਚਾਓ ਬੇਟੀ ਪੜਾਓ ਦੇ ਤਹਿਤ ਸਾਲ 2025-26 ਦਾ ਜਿਲ੍ਹਾ ਕਾਰਜ ਯੋਜਨਾ ਤਿਆਰ ਕਰਨ ਹਿੱਤ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਅਹਿਮ ਮੀਟਿੰਗ ਕੀਤੀ ਗਈ । ਜਿਲ੍ਹਾ ਪ੍ਰੋਗਰਾਮ ਅਫਸਰ ਰਾਹੀਂ ਜਿਲੇ ਵਿੱਚ ਚੱਲ ਰਹੇ ਪ੍ਰੋਜੈਕਟ ਹਿਫਾਜ਼ਤ ਦੇ ਮੁੱਖ ਉਦੇਸ਼ ਬਾਰੇ ਵੀ ਜਾਣੂ ਕਰਵਾਉਂਦੇ ਹੋਏ ਦਸਿਆ ਕਿ ਇਸ ਪ੍ਰੋਜੈਕਟ ਦਾ ਮੁੱਖ ਮੱਤਵ ਔਰਤਾਂ ਅਤੇ ਲੜਕੀਆਂ ਨੂੰ ਐਮਰਜੈਂਸੀ ਹਾਲਾਤਾਂ ਵਿੱਚ ਸੁਰੱਖਿਆ ਪ੍ਰਦਾਨ ਕਰਨਾ ਏ ਅਤੇ ਇਸ ਪ੍ਰਤੀ ਸਮੂਹ ਬਾਲ ਵਿਕਾਸ ਪ੍ਰੋਜੈਕਟ ਅਫਸਰ ਬਤੌਰ ਪ੍ਰੋਟੈਕਸ਼ਨ ਅਫਸਰ, ਸਖੀ ਵਨ-ਸਟਾਪ ਸੈਂਟਰ ਅਤੇ ਮਹਿਲਾ ਪੁਲਿਸ ਰਾਹੀਂ ਬਤੌਰ ਮਹਿਲਾ ਮਿੱਤਰ ਆਪਣੀਆਂ ਜਿੰਮੇਵਾਰੀਆਂ ਨਿਭਾਈ ਜਾਣੀਆਂ ਹਨ, ਇਨ੍ਹਾਂ ਬਾਰੇ ਵਿਸਥਾਰ ਵਿੱਚ ਸਭ ਨੂੰ ਦੱਸਿਆ ਗਿਆ।

-----------------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਸਮੇਤ ਦੇਸ਼ ਦੇ ਉੱਤਰ-ਪੱਛਮੀ ਹਿੱਸਿਆਂ ਵਿੱਚ ਅਗਲੇ ਦੋ ਦਿਨਾਂ ਤੱਕ, ਭਾਰੀ ਬਾਰਿਸ਼ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਏ । ਆਕਾਸ਼ਵਾਣੀ ਖਬਰਾਂ ਨਾਲ ਇੱਕ ਵਿਸ਼ੇਸ਼ ਗੱਲਬਾਤ ਵਿੱਚ, ਮੌਸਮ ਵਿਭਾਗ ਦੇ ਸੀਨੀਅਰ ਵਿਗਿਆਨੀ ਆਰ.ਕੇ ਜੇਨਾਮਣੀ ਨੇ ਕਿਹਾ । BYTE

-----------------------------------------------------------------------

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਅੱਜ ਨਵੀਂ ਦਿੱਲੀ ਵਿੱਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿਖੇ ਭਾਰਤੀ ਗਿਆਨ ਪ੍ਰਣਾਲੀਆਂ 'ਤੇ ਕਾਨਫਰੰਸ ਦਾ ਕੀਤਾ ਉਦਘਾਟਨ ।
- ਪੰਜਾਬ ਵਿਧਾਨ ਸਭਾ ਦਾ ਦੋ ਦਿਨਾਂ ਵਿਸ਼ੇਸ਼ ਇਜਲਾਸ ਅੱਜ ਤੋਂ ਸ਼ੁਰੂ I
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ - ਪੰਜਾਬ ਦੇ ਵਸਨੀਕਾਂ ਲਈ, 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਲਈ ਸਿਹਤ ਕਾਰਡ ਬਣਾਇਆ ਜਾਵੇਗਾ- ਬੇਅਦਬੀ ਕਾਨੂੰਨ ਵਿਧਾਨ ਸਭਾ ਵਿਚ ਕੀਤਾ ਜਾਵੇਗਾ ਪੇਸ਼ ।
- ਅੱਜ ਰਾਸ਼ਟਰੀ ਮੱਛੀ ਪਾਲਕ ਦਿਵਸ ਮਨਾਇਆ ਜਾ ਰਿਹਾ ਏ I
- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਅਗਲੇ ਦੋ ਦਿਨਾਂ ਤੱਕ, ਭਾਰੀ ਬਾਰਿਸ਼ ਜਾਰੀ ਰਹਿਣ ਦੀ ਪੇਸ਼ੀਨਗੋਈ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ

ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7ਵੱਜਕੇ 30 **ਮਿੰਟ** 'ਤੇ ਨਮ ਸਕਾਰ!